# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 14-08-2025**

ਰਾਸ਼ਟਰਪਤੀ ਦ੍ਰੌਪਦੀ ਮੁਰਮੂ 79ਵੇਂ ਆਜ਼ਾਦੀ ਦਿਹਾ ਦੀ ਪੂਰਵ ਸੰਧਿਆ 'ਤੇ ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ। ਇਹ ਸੰਬੋਧਨ ਆਕਾਸ਼ਵਾਣੀ ਦੇ ਪੂਰੇ ਰਾਸ਼ਟਰੀ ਨੈੱਟਵਰਕ 'ਤੇ ਸ਼ਾਮ 7 ਵਜੇ ਤੋਂ ਪ੍ਰਸਾਰਿਤ ਕੀਤਾ ਜਾਵੇਗਾ ਅਤੇ ਰਾਤ 9.30 ਵਜੇ ਆਕਾਸ਼ਵਾਣੀ ਦੇ ਖੇਤਰੀ ਨੈੱਟਵਰਕਾਂ 'ਤੇ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ। ਰਾਸ਼ਟਰਪਤੀ ਦਾ ਭਾਸ਼ਣ ਦੂਰਦਰਸ਼ਨ ਦੇ ਸਾਰੇ ਚੈਨਲਾਂ 'ਤੇ ਹਿੰਦੀ ਅਤੇ ਫਿਰ ਅੰਗਰੇਜ਼ੀ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ। ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ ਦੇ ਪ੍ਰਸਾਰਣ ਤੋਂ ਬਾਅਦ, ਇਸ ਨੂੰ ਦੂਰਦਰਸ਼ਨ ਦੇ ਖੇਤਰੀ ਚੈਨਲਾਂ ਵੱਲੋਂ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ।

-----------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੱਲ੍ਹ ਆਜ਼ਾਦੀ ਦਿਹਾੜੇ ‘ਤੇ ਫਰੀਦਕੋਟ ਵਿਖੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣਗੇ। ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਫਿਰੋਜਪੁਰ ਵਿਖੇ,

ਡਿਪਟੀ ਸਪੀਕਰ ਜੈ ਕਿਸਨ ਰੋੜੀ ਫਾਜ਼ਿਲਕਾ ਵਿਖੇ, ਵਿੱਤ ਮੰਤਰੀ ਹਰਪਾਲ ਚੀਮਾ ਰੂਪਨਗਰ ਵਿਖੇ, ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਅਮਨ ਅਰੋੜਾ ਲੁਧਿਆਣਾ ਵਿਖੇ ਅਤੇ ਸਮਾਜਿਕ ਨਿਆਂ ਮੰਤਰੀ ਡਾ. ਬਲਜੀਤ ਕੌਰ ਐਸ.ਬੀ.ਐਸ. ਨਗਰ ਵਿਖੇ ਕੌਮੀ ਝੰਡਾ ਲਹਿਰਾਉਣਗੇ।

------------------------------------------------------------------------------------

ਪੰਜਾਬ ਵਿੱਚ, ਕੱਲ੍ਹ ਆਜ਼ਾਦੀ ਦਿਹਾੜੇ ਮੌਕੇ ਮਨਾਏ ਜਾਣ ਵਾਲੇ ਜਸ਼ਨਾਂ ਦੇ ਮੱਦੇਨਜ਼ਰ ਸ਼ਾਂਤੀ ਬਣਾਈ ਰੱਖਣ ਲਈ ਪੰਜਾਬ ਪੁਲਿਸ ਨੇ ਰਾਜ ਭਰ ਵਿੱਚ ਸੁਰੱਖਿਆ ਵਧਾ ਦਿੱਤੀ ਏ ਅਤੇ ਸਾਰੀਆਂ ਫੀਲਡ ਯੂਨਿਟਾਂ ਨੂੰ ਹਾਈ ਅਲਰਟ 'ਤੇ ਰਹਿਣ ਦੇ ਨਿਰਦੇਸ਼ ਦਿੱਤੇ ਗਏ ਨੇ । ਰਾਜ ਭਰ ਵਿਚ 1500 ਪੁਲਿਸ ਮੁਲਾਜ਼ਮਾਂ ਦੀਆਂ 250 ਟੀਮਾਂ ਤਾਇਨਾਤ ਕੀਤੀਆਂ ਗਈਆਂ ਨੇ ਤਾਂ ਜੋ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਾ ਹੋਵੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਹਾਲ ਹੀ ਵਿੱਚ ਮੌਜੂਦਾ ਸੁਰੱਖਿਆ ਪ੍ਰਬੰਧਾਂ ਬਾਰੇ ਸਾਰੇ ਜ਼ਿਲ੍ਹਿਆਂ ਅਤੇ ਸਰਹੱਦੀ ਰੇਂਜਾਂ ਦੇ ਪੁਲਿਸ ਮੁਖੀਆਂ ਨਾਲ ਮੀਟਿੰਗਾਂ ਕੀਤੀਆਂ ਸਨ । ਮੀਟਿੰਗਾਂ ਦੌਰਾਨ ਉਨ੍ਹਾਂ ਨੇ ਦਹਿਸ਼ਤਗਰਦੀ ਵਿਰੋਧੀ ਰਣਨੀਤੀਆਂ ਦੀ ਸਮੀਖਿਆ ਕੀਤੀ ਤੇ ਸਰਹੱਦੀ ਰਾਜ ਵਿੱਚ ਗੈਰ ਕਾਨੂੰਨੀ ਗਤੀਵਿਧੀਆਂ ਰੋਕਣ ਲਈ ਅੰਤਰ-ਜ਼ਿਲ੍ਹਾ ਤਾਲਮੇਲ ਬਣਾਈ ਰੱਖਣ ਅਤੇ ਹਾਈ-ਟੈਕ ਨਾਕਿਆਂ ਤੇ ਚੌਵੀ ਘੰਟੇ

ਨਿਗਰਾਨੀ ਦੇ ਨਿਰਦੇਸ਼ ਜਾਰੀ ਕੀਤੇ ।

-----------------------------------------------------------------------------------

ਆਜ਼ਾਦੀ ਦਿਵਸ ਮਨਾਉਣ ਲਈ ਹਰ ਘਰ ਤਿਰੰਗਾ ਮੁਹਿੰਮ ਦੇ ਹਿੱਸੇ ਵਜੋਂ, ਕੱਲ੍ਹ, ਚੰਡੀਗੜ੍ਹ ਪ੍ਰਸ਼ਾਸਨ ਦੀ ਅਗਵਾਈ ਹੇਠ, ਚੰਡੀਗੜ੍ਹ ਉਦਯੋਗਿਕ ਅਤੇ ਸੈਰ-ਸਪਾਟਾ ਵਿਕਾਸ ਨਿਗਮ ਨੇ ਸ਼ਹਿਰ ਦੀ ਉਘੀ ਸੁਖਨਾ ਝੀਲ 'ਤੇ ਇੱਕ ਸ਼ਾਨਦਾਰ ਬੋਟ ਰੈਲੀ ਦਾ ਆਯੋਜਨ ਕੀਤਾ । ਜਸ਼ਨਾਂ ਦੀ ਰਸਮੀ ਸ਼ੁਰੂਆਤ ਚੰਡੀਗੜ੍ਹ ਪ੍ਰਸ਼ਾਸਨ ਦੇ ਮੁੱਖ ਸਕੱਤਰ, ਰਾਜੀਵ ਵਰਮਾ ਵਲੋਂ ਕੀਤੀ ਗਈ। ਉਨ੍ਹਾਂ ਨੇ ਦੋ ਕਰੂਜ਼, 125 ਕਿਸ਼ਤੀਆਂ ਅਤੇ ਸ਼ਿਕਾਰਿਆਂ ਦੇ ਬੇੜੇ ਨੂੰ ਝੰਡੀ ਦੇ ਕੇ ਰਵਾਨਾ ਕੀਤਾ, ਜੋ ਭਾਰਤ ਦੀ ਏਕਤਾ ਅਤੇ ਦੇਸ਼ ਭਗਤੀ ਦਾ ਪ੍ਰਤੀਕ ਬਣੇ । ਆਜ਼ਾਦੀ ਦੀ ਬੇਮਿਸਾਲ ਭਾਵਨਾ ਨੂੰ ਦਰਸਾਉਂਦੇ ਸੈਂਕੜੇ ਤਿਰੰਗੇ ਗੁਬਾਰੇ ਵੀ ਛੱਡੇ ਗਏ। ਉਤਸਵ ਦੇ ਜੋਸ਼ ਵਿੱਚ ਵਾਧਾ ਕਰਦੇ ਹੋਏ, ਉੱਤਰੀ ਜ਼ੋਨ ਸੱਭਿਆਚਾਰਕ ਕੇਂਦਰ ਦੇ ਕਲਾਕਾਰਾਂ ਨੇ ਭੰਗੜੇ  ਅਤੇ ਗਿੱਧੇ ਦੀ ਸ਼ਾਨਦਾਰ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ, ਜੋ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੇ ਨੇ । ਚੰਡੀਗੜ੍ਹ ਸਥਿਤ ਟੈਗੋਰ ਥੀਏਟਰ ਵਿਖੇ ਇੱਕ ਸੂਬਾ ਪੱਧਰੀ ਹਰ ਘਰ ਤਿਰੰਗਾ ਪ੍ਰੋਗਰਾਮ ਵੀ ਕਰਵਾਇਆ  ਗਿਆ ਜਿਸ ਵਿੱਚ ਪੰਜਾਬ ਦੇ ਰਾਜਪਾਲ ਅਤੇ ਕੇਂਦਰੀ

ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸ਼ਿਰਕਤ ਕੀਤੀ।

--------------------------------------------------------------------------------

ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਏ ਕਿ ਕਿਰਤ ਵਿਭਾਗ ਵੱਲੋਂ ਕਈ ਸਕੀਮਾਂ ਨੂੰ ਸਰਲ ਬਣਾਇਆ ਗਿਆ ਏ ਤਾਂ ਜੋ ਇਨ੍ਹਾਂ ਸਕੀਮਾਂ ਤੱਕ ਕਿਰਤੀਆਂ ਦੀ ਸੁਖਾਲੀ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਬਿਲਡਿੰਗ ਵਰਕਰਜ਼ ਵੈਲਫੇਅਰ ਬੋਰਡ ਦੀ 'ਸ਼ਗਨ ਸਕੀਮ' ਵਿੱਚ  ਤਹਿਸੀਲਦਾਰ ਦੁਆਰਾ ਵਿਆਹ ਸਰਟੀਫਿਕੇਟ ਜਾਰੀ ਕਰਨ ਦੀ ਲੋੜ ਨੂੰ ਹਟਾ ਦਿੱਤਾ ਗਿਆ ਏ ਅਤੇ ਹੁਣ ਇਸ ਸਬੰਧੀ ਧਾਰਮਿਕ ਸੰਸਥਾ, ਜਿਥੇ ਵਿਆਹ ਹੋਇਆ ਹੋਵੇ, ਦੀ ਤਸਵੀਰ ਅਤੇ ਦੋਵਾਂ ਪਰਿਵਾਰਾਂ ਵੱਲੋਂ ਦਿੱਤਾ ਸਵੈ-ਘੋਸ਼ਣਾ ਪੱਤਰ ਕਾਫ਼ੀ ਹੋਵੇਗਾ। ਕਿਰਤ ਮੰਤਰੀ ਨੇ ਅੱਗੇ ਦੱਸਿਆ ਕਿ ਪੰਜਾਬ ਕਿਰਤ ਭਲਾਈ ਬੋਰਡ ਨੇ ਬੱਚਿਆਂ ਲਈ 'ਵਜ਼ੀਫ਼ਾ ਯੋਜਨਾ' ਅਧੀਨ ਮਜ਼ਦੂਰਾਂ ਦੀ ਦੋ ਸਾਲ ਦੀ ਸੇਵਾ ਸ਼ਰਤ ਵੀ ਖਤਮ ਕਰ ਦਿੱਤੀ ਏ ਅਤੇ ਮਜ਼ਦੂਰ ਆਪਣਾ ਯੋਗਦਾਨ ਪਾਉਣ ਦੇ ਦਿਨ ਤੋਂ ਹੀ ਵਜ਼ੀਫ਼ਾ ਯੋਜਨਾ ਦਾ ਲਾਭ ਪ੍ਰਾਪਤ ਕਰ ਸਕਦੇ ਨੇ।

--------------------------------------------------------------------------------

ਹਿਮਾਚਲ ਦੀਆਂ ਪਹਾੜੀਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਅਤੇ

ਸੂਬੇ ਦੇ ਕੁਝ ਹਿੱਸਿਆਂ ਵਿੱਚ ਬੱਦਲ ਫਟਣ ਦੀਆਂ ਘਟਨਾਵਾਂ ਨੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਵੀ ਪਰੇਸ਼ਾਨੀ ਵਾਲੇ ਹਾਲਾਤ ਬਣਾ ਦਿੱਤੇ ਨੇ। ਇਸ ਦੇ ਨਾਲ ਹੀ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਵੀ ਲਗਾਤਾਰ ਵਧ ਰਿਹਾ ਏ। ਕਪੂਰਥਲਾ ਵਿੱਚ, ਬਿਆਸ ਦਰਿਆ ਦਾ ਇਕ ਅਸਥਾਈ ਬੰਨ੍ਹ ਟੁੱਟਣ ਕਾਰਨ ਸੁਲਤਾਨਪੁਰ ਲੋਧੀ ਦੇ ਮੰਡ ਖੇਤਰ ਦੇ 22 ਪਿੰਡ ਹੜ੍ਹ ਦੀ ਮਾਰ ਹੇਠ ਆ ਗਏ ਨੇ । ਜ਼ਿਲ੍ਹਾ ਪ੍ਰਸ਼ਾਸਨ ਨੇ ਮੰਡ ਖੇਤਰ ਦੇ ਨੀਵੇਂ ਇਲਾਕਿਆਂ ਵਿੱਚ ਰਹਿਣ ਵਾਲੇ ਪਿੰਡਾਂ ਦੇ ਲੋਕਾਂ ਨੂੰ ਸੁਲਤਾਨਪੁਰ ਲੋਧੀ ਵਿਖੇ ਬਣਾਏ ਗਏ ਰਾਹਤ ਕੇਂਦਰ ਵਿੱਚ ਪਹੁੰਚਣ ਦੀ ਅਪੀਲ ਕੀਤੀ ਏ। ਭੋਜਨ, ਪਾਣੀ, ਦਵਾਈਆਂ ਅਤੇ ਹੋਰ ਜ਼ਰੂਰੀ ਜ਼ਰੂਰਤਾਂ ਦੇ ਪ੍ਰਬੰਧ ਕੀਤੇ ਗਏ ਨੇ । ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪਾਂਚਾਲ ਨੇ ਕਿਹਾ ਏ ਕਿ ਕਿਸੇ ਵੀ ਮੈਡੀਕਲ ਐਮਰਜੈਂਸੀ ਨਾਲ ਨਜਿੱਠਣ ਲਈ ਮੈਡੀਕਲ ਟੀਮਾਂ ਵੀ ਤਾਇਨਾਤ ਕੀਤੀਆਂ ਗਈਆਂ ਨੇ। ਜ਼ਿਲ੍ਹਾ ਪ੍ਰਸ਼ਾਸਨ ਪ੍ਰਭਾਵਿਤ ਖੇਤਰਾਂ ਅਤੇ ਬਿਆਸ ਦਰਿਆ ਦੇ ਨਾਲ ਲੱਗਦੇ ਇਲਾਕਿਆਂ 'ਤੇ ਅਧਿਕਾਰੀਆਂ ਅਤੇ ਡਰੋਨਾਂ ਰਾਹੀਂ ਨਿਗਰਾਨੀ ਰੱਖ ਰਿਹਾ ਏ। ਲੋਕਾਂ ਦੀ ਸਹੂਲਤ ਲਈ ਇੱਕ ਕੰਟਰੋਲ ਰੂਮ ਨੰਬਰ 01822-231-990 ਵੀ ਜਾਰੀ ਕੀਤਾ ਗਿਆ ਏ। ਉਧਰ ਪਠਾਨਕੋਟ-ਡਲਹੌਜ਼ੀ-ਚੰਬਾ ਰਾਸ਼ਟਰੀ ਰਾਜਮਾਰਗ ਦਾ ਉਹ ਹਿੱਸਾ, ਜਿਹੜਾ ਕੁਝ ਦਿਨ ਪਹਿਲਾਂ ਭਾਰੀ ਮੀਂਹ ਕਾਰਨ ਪਾਣੀ ਵਿੱਚ ਰੁੜ੍ਹ ਗਿਆ ਸੀ, ਨੂੰ ਸਿਰਫ਼ ਹਲਕੇ ਵਾਹਨਾਂ ਲਈ

ਚਾਲੂ ਕਰ ਦਿੱਤਾ ਗਿਆ ਏ। ਅਗਲੇ ਹੁਕਮਾਂ ਤੱਕ ਭਾਰੀ ਵਾਹਨਾਂ ਦੀ ਆਵਾਜਾਈ 'ਤੇ ਹਾਲੇ ਵੀ ਪਾਬੰਦੀ ਏ। ਸਤਲੁਜ ਅਤੇ ਬਿਆਸ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧਣ ਦੀਆਂ ਰਿਪੋਰਟਾਂ ਵੀ ਆ ਰਹੀਆਂ ਨੇ ਪਰ ਹੁਣ ਸਥਿਤੀ ਕਾਬੂ ਹੇਠ ਏ ।